ਸਾਰਗ ਮਹਲਾ ੫ ॥ ਹਰਿ ਕੇ ਨਾਮ ਕੇ ਜਨ ਕਾਂਖੀ ॥ ਮਨਿ ਤਨਿ ਬਚਨਿ ਏਹੀ ਸੁਖੁ ਚਾਹਤ ਪ੍ਰਭ ਦਰਸੁ ਦੇਖਹਿ ਕਬ ਆਖੀ ॥ ੧॥ ਰਹਾਉ ॥ ਤੂ ਬੇਅੰਤੁ ਪਾਰਬ੍ਰਹਮ ਸੁਆਮੀ ਗਤਿ ਤੇਰੀ ਜਾਇ ਨ ਲਾਖੀ ॥ ਚਰਨ ਕਮਲ ਪ੍ਰੀਤਿ ਮਨੁ ਬੇਧਿਆ ਕਰਿ ਸਰਬਸੁ ਅੰਤਰਿ ਰਾਖੀ ॥ ੧॥ ਬੇਦ ਪੁਰਾਨ ਸਿਮ੍ਰਿਤਿ ਸਾਧੂ ਜਨ ਇਹ ਬਾਣੀ ਰਸਨਾ ਭਾਖੀ ॥ ਜਪਿ ਰਾਮ ਨਾਮੁ ਨਾਨਕ ਨਿਸਤਰੀਐ ਹੋਰੁ ਦੁਤੀਆ ਬਿਰਥੀ ਸਾਖੀ ॥੨॥੯੮॥੧੨੧॥ {ਪੰਨਾ 1227}

ਪਦਅਰਥ:- ਜਨ—ਸੰਤ ਜਨ। ਕਾਂਖੀ—ਚਾਹਵਾਨ। ਮਨਿ—ਮਨ ਦੀ ਰਾਹੀਂ। ਤਨਿ—ਤਨ ਦੀ ਰਾਹੀਂ। ਬਚਨਿ—ਬਚਨ ਦੀ ਰਾਹੀਂ। ਦੇਖਹਿ—ਵੇਖ ਸਕੀਏ। ਆਖੀ—ਅੱਖੀਂ, ਅੱਖਾਂ ਨਾਲ।1। ਰਹਾਉ।

ਗਤਿ—ਉੱਚੀ ਆਤਮਕ ਅਵਸਥਾ! ਜਾਇ ਨ ਲਾਖੀ—ਲਖੀ ਨਹੀਂ ਜਾ ਸਕਦੀ। ਬੇਧਿਆ—ਵਿੱਝ ਗਿਆ। ਸਰਬਸੁ—{svLÔv} {Ôv-Dn} ਸਾਰਾ ਧਨ, ਸਭ ਕੁਝ। ਕਰਿ—ਸਮਝ ਕੇ, ਮੰਨ ਕੇ। ਰਾਖੀ—ਰੱਖੀ।1।

ਰਸਨਾ—ਜੀਭ ਨਾਲ। ਭਾਖੀ—ਉਚਾਰੀ। ਜਪਿ—ਜਪ ਕੇ। ਨਿਸਤਰੀਐ—ਪਾਰ ਲੰਘ ਜਾਈਦਾ ਹੈ। ਹੋਰ ਸਾਖੀ—ਹੋਰ ਗੱਲ, ਹੋਰ ਸਿੱਖਿਆ। ਦੁਤੀਆ—ਦੂਜੀ।2।

ਅਰਥ:- ਹੇ ਭਾਈ! ਪਰਮਾਤਮਾ ਦੇ ਸੇਵਕ ਪਰਮਾਤਮਾ ਦੇ ਨਾਮ ਦੇ ਚਾਹਵਾਨ ਰਹਿੰਦੇ ਹਨ। ਆਪਣੇ ਮਨ ਦੀ ਰਾਹੀਂ, ਤਨ ਦੀ ਰਾਹੀਂ ਬਚਨ ਦੀ ਰਾਹੀਂ ਉਹ ਸਦਾ ਇਹੀ ਸੁਖ ਲੋੜਦੇ ਹਨ ਕਿ ਕਦੋਂ ਆਪਣੀਆਂ ਅੱਖਾਂ ਨਾਲ ਪਰਮਾਤਮਾ ਦਾ ਦਰਸਨ ਕਰਾਂਗੇ।1। ਰਹਾਉ।

ਹੇ ਪਾਰਬ੍ਰਹਮ! ਹੇ ਮਾਲਕ-ਪ੍ਰਭੂ! ਤੇਰਾ ਅੰਤ ਨਹੀਂ ਪਾਇਆ ਜਾ ਸਕਦਾ, ਤੂੰ ਕਿਹੋ ਜਿਹਾ ਹੈਂ—ਇਹ ਗੱਲ ਬਿਆਨ ਨਹੀਂ ਕੀਤੀ ਜਾ ਸਕਦੀ। (ਪਰ ਤੇਰੇ ਸੰਤ ਜਨਾਂ ਦਾ) ਮਨ ਤੇਰੇ ਸੋਹਣੇ ਚਰਨਾਂ ਦੀ ਪ੍ਰੀਤਿ ਵਿਚ ਪ੍ਰੋਇਆ ਰਹਿੰਦਾ ਹੈ। ਇਸ ਪ੍ਰੀਤ ਨੂੰ ਹੀ ਉਹ (ਜਗਤ ਦਾ) ਸਾਰਾ ਧਨ-ਪਦਾਰਥ ਸਮਝ ਕੇ ਆਪਣੇ ਅੰਦਰ ਟਿਕਾਈ ਰੱਖਦੇ ਹਨ।1।

ਹੇ ਨਾਨਕ! ਵੇਦ ਪੁਰਾਣ ਸਿੰਮ੍ਰਿਤੀਆਂ (ਆਦਿਕ ਧਰਮ-ਪੁਸਤਕਾਂ ਦਾ ਪਾਠ) ਸੰਤ ਜਨ, ਆਪਣੀ ਜੀਭ ਨਾਲ ਇਹੀ ਸਿਫ਼ਤਿ-ਸਾਲਾਹ ਦੀ ਬਾਣੀ ਹੀ ਉਚਾਰਦੇ ਹਨ, ਇਹੀ ਉਹਨਾਂ ਵਾਸਤੇ ਪਰਮਾਤਮਾ ਦਾ ਨਾਮ ਸਿਮਰ ਕੇ (ਹੀ) ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ। ਇਸ ਤੋਂ ਬਿਨਾ ਕੋਈ ਹੋਰ ਦੂਜੀ ਗੱਲ ਵਿਅਰਥ ਹੈ।2। 98। 121।